# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 13-06-2024**

ਪੰਜਾਬ ਸਰਕਾਰ ਸੂਬੇ ਵਿੱਚ ਸਾਰਿਆਂ ਨੂੰ ਬਰਾਬਰ ਦੇ ਮੌਕੇ ਪ੍ਰਦਾਨ ਕਰਨ ਲਈ, ਦਿਵਿਆਂਗ ਵਿਅਕਤੀਆਂ ਦੀਆਂ ਖਾਲੀ ਰਾਖ਼ਵੀਆਂ ਅਸਾਮੀਆਂ ਨੂੰ ਭਰਨ ਵਾਸਤੇ, ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕਰੇਗੀ । ਸਰਕਾਰ ਨੇ ਦਿਵਿਆਂਗ ਵਿਅਕਤੀਆਂ ਲਈ ਵੱਖ-ਵੱਖ ਵਿਭਾਗਾਂ ਵਿੱਚ ਸਿੱਧੀ ਭਰਤੀ ਅਤੇ ਤਰੱਕੀ ਦੋਵਾਂ ਵਿੱਚ 4 ਫ਼ੀਸਦੀ ਰਾਖਵਾਂਕਰਨ ਨਿਰਧਾਰਤ ਕੀਤਾ ਏ । ਸਮਾਜਿਕ ਸੁਰੱਖਿਆ, ਔਰਤ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਦੇ ਸਾਰੇ ਵਿਭਾਗਾਂ ਵਿੱਚ ਰੋਸਟਰ ਰਜਿਸਟਰ ਦੀ ਤਸਦੀਕ ਕਰਨ ਉਪਰੰਤ, ਦਿਵਿਆਂਗ ਵਿਅਕਤੀਆਂ ਲਈ ਰਾਖਵੀਆਂ ਅਸਾਮੀਆਂ ਦੇ ਬੈਕਲਾਗ ਦਾ ਪਤਾ ਲਗਾਇਆ ਗਿਆ ਏ । ਉਨ੍ਹਾਂ ਦੱਸਿਆ ਕਿ ਵੱਖ-ਵੱਖ ਵਿਭਾਗਾਂ, ਨਿਗਮਾਂ ਅਤੇ ਬੋਰਡਾਂ ਦੀਆਂ ਰਿਪੋਰਟਾਂ ਅਨੁਸਾਰ ਸਿੱਧੀ ਭਰਤੀ

ਲਈ 1721 ਅਸਾਮੀਆਂ ਅਤੇ ਤਰੱਕੀ ਲਈ 536 ਅਸਾਮੀਆਂ ਉਪਲੱਬਧ ਨੇ। ਕੈਬਨਿਟ ਮੰਤਰੀ ਨੇ ਸਮੇਂ ਸਿਰ ਤਸਦੀਕ ਪ੍ਰਕਿਰਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਏ। ਇਸ ਪਹਿਲਕਦਮੀ ਨਾਲ ਇਹਨਾਂ ਅਸਾਮੀਆਂ ਨੂੰ ਭਰਨ ਦੀ ਪ੍ਰਕਿਰਿਆ ਵਿੱਚ ਤੇਜ਼ੀ ਆਵੇਗੀ ਅਤੇ ਸੂਬੇ ਵਿੱਚ ਦਿਵਿਆਂਗ ਵਿਅਕਤੀਆਂ ਲਈ ਰੁਜ਼ਗਾਰ ਦੇ ਮੌਕੇ ਵਧਣਗੇ।

---------------------------------------------------

ਹਰ ਸਾਲ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਵਿਸ਼ਵ ਭਰ ਵਿੱਚ ਪੂਰੇ ਜੋਸ਼ ਨਾਲ ਮਨਾਇਆ ਜਾਂਦਾ ਏ । ਇਸ ਵਾਰ ਵੀ ਯੋਗ ਦਿਵਸ ਨੂੰ ਲੈਕੇ, ਲੋਕਾਂ ਵਿਚ ਬਹੁਤ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਫਰੀਦਕੋਟ ਅਤੇ ਮੋਹਾਲੀ ਤੋਂ ਯੋਗ ਮਾਹਰਾਂ ਅਤੇ ਲੋਕਾਂ ਦਾ ਕਹਿਣਾ ਏ, ਸਾਨੂ ਸਾਰਿਆਂ ਨੂੰ ਨਿਰੋਗ ਰਹਿਣ ਲਈ ਯੋਗ ਨੂੰ ਰੋਜ਼ਾਨਾ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਏ ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜੰਮੂ-ਕਸ਼ਮੀਰ ਦੇ ਕਠੂਆ ਅਤੇ ਡੋਡਾ ਜ਼ਿਲ੍ਹਿਆਂ ਵਿੱਚ ਹੋਏ ਅੱਤਵਾਦੀ ਹਮਲਿਆਂ ਦੀ ਨਿੰਦਾ

ਕੀਤੀ ਏ, ਜਿਸ ਵਿੱਚ ਸੀ.ਆਰ.ਪੀ.ਐਫ ਦਾ ਇਕ ਜਵਾਨ ਸ਼ਹੀਦ ਹੋ ਗਿਆ ਅਤੇ ਦੋ ਹੋਰ ਗੰਭੀਰ ਜ਼ਖਮੀ ਹੋ ਗਏ। ਇਸ ਅੱਤਵਾਦੀ ਹਮਲੇ ਦੀ ਨਿੰਦਾ ਕਰਦਿਆਂ, ਮੁੱਖ ਮੰਤਰੀ ਨੇ ਕਿਹਾ ਕਿ ਅਜਿਹੀਆਂ ਦੇਸ਼ ਵਿਰੋਧੀ ਕਾਰਵਾਈਆਂ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਜਾਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਦੇਸ਼ ਦੀ ਏਕਤਾ ਅਤੇ ਅਖੰਡਤਾ 'ਤੇ ਕੋਈ ਵੀ ਹਮਲਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਸ ਦਾ ਮੂੰਹਤੋੜ ਜਵਾਬ ਦਿੱਤਾ ਜਾਣਾ ਚਾਹੀਦਾ ਏ। ਮੁੱਖ ਮੰਤਰੀ ਨੇ ਪੀੜਤ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਇਹ ਦੇਸ਼ ਅਤੇ ਖਾਸ ਕਰਕੇ ਪਰਿਵਾਰ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਏ।

---------------------------------------------------------------------------

ਦੇਸ਼ ਵਿਚ ਸਾਲ 1872 ਵਿਚ ਬਣੇ ਤਿੰਨ ਅਪਰਾਧਕ ਕਾਨੂੰਨਾਂ ਦੀ ਥਾਂ, ਕੇਂਦਰ ਸਰਕਾਰ ਵਲੋਂ ਹੁਣ ਮੌਜੂਦਾ ਸਮੇਂ ਦੀ ਲੋੜ ਮੁਤਾਬਿਕ ਬਣਾਏ ਗਏ, ਇਹ ਨਵੇਂ ਕਾਨੂੰਨ ਪਹਿਲੀ ਜੁਲਾਈ ਤੋਂ ਲਾਗੂ ਹੋਣ ਜਾ ਰਹੇ ਨੇ । ਮੁਕਤਸਰ ਜ਼ਿਲੇ ਤੋਂ ਕ਼ਾਨੂਨ ਖੇਤਰ ਨਾਲ ਜੁੜੇ ਮਾਹਰ, ਇਨਾਂ ਕਾਨੂੰਨਾਂ ਨੂੰ, ਲੋਕ ਹਿੱਤ ਵਿਚ ਦੱਸਦੇ ਨੇ।

-----------------------------------------------------------

ਪੰਜਾਬ ਵਿੱਚੋਂ ਬਾਲ ਮਜ਼ਦੂਰੀ ਨੂੰ ਖਤਮ ਕਰਨ ਦੇ ਉਦੇਸ਼ ਨਾਲ ਕਿਰਤ ਵਿਭਾਗ ਦੀਆਂ ਟੀਮਾਂ ਵੱਲੋਂ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ ਗਈ, ਜਿਸ ਦੌਰਾਨ ਕੁੱਲ 99 ਬਾਲ ਮਜ਼ਦੂਰਾਂ ਨੂੰ ਛੁਡਵਾਇਆ ਗਿਆ। ਕਿਰਤ ਮੰਤਰੀ ਅਨਮੋਲ ਗਗਨ ਮਾਨ ਨੇ ਦੱਸਿਆ ਕਿ 11 ਤੋਂ 21 ਜੂਨ ਤੱਕ ਬਾਲ ਮਜ਼ਦੂਰੀ ਖਾਤਮਾ ਹਫਤਾ ਮੁਹਿੰਮ ਚਲਾਈ ਗਈ ਏ । ਇਸ ਲਈ ਬਣਾਈਆਂ ਟੀਮਾਂ ਨੇ, ਲੁਧਿਆਣਾ ਦੀਆਂ ਵੱਖ-ਵੱਖ ਉਦਯੋਗਿਕ ਇਕਾਈਆਂ ਵਿੱਚ ਛਾਪੇਮਾਰੀ ਦੌਰਾਨ 95 ਅਤੇ ਬਠਿੰਡਾ ਵਿਖੇ 4 ਬਾਲ ਤੇ ਕਿਸ਼ੋਰ ਮਜ਼ਦੂਰਾਂ ਨੂੰ ਬਚਾਇਆ ਗਿਆ। ਉਨ੍ਹਾਂ ਕਿਰਤ ਵਿਭਾਗ ਦੇ ਅਧਿਕਾਰੀਆਂ ਨੂੰ, ਸੂਬੇ ਵਿਚੋਂ ਬਾਲ ਮਜ਼ਦੂਰੀ ਦੀ ਅਲਾਮਤ ਖਤਮ ਕਰਨ ਲਈ ਪੂਰੀ ਤਨਦੇਹੀ  ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।